Dispatch No. I/25453/2020

**ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਰੀਦਕੋਟ**

ਜ਼ਿਲ੍ਹਾ ਮੈਜਿਸਟਰੇਟ ਵੱਲੋਂ ਲਾਕ ਡਾਊਨ/ਕਰਫਿਊ ਸਬੰਧੀ ਨਵੇਂ ਆਦੇਸ਼ ਜਾਰੀ

ਦੁਕਾਨਾਂ ਸਵੇਰੇ 7 ਵਜੇ ਤੋਂ ਸ਼ਾਮ 7 ਵਜੇ ਤੱਕ ਖੁੱਲੀਆਂ ਰਹਿਣਗੀਆਂ

ਰਾਤ 7 ਵਜੇ ਤੋਂ ਸਵੇਰੇ 7 ਵਜੇ ਤੱਕ ਕਰਫਿਊ ਪਹਿਲਾਂ ਵਾਂਗ ਜਾਰੀ ਰਹੇਗਾ

ਸਕੂਲ, ਕਾਲਜ ਅਤੇ ਹੋਰ ਵਿਦਿਅਕ ਸੰਸਥਾਵਾਂ ਅਤੇ ਕੋਚਿੰਗ ਸੰਸਥਾ ਬੰਦ ਰਹਿਣਗੀਆਂ

ਸਮਾਜਿਕ ਦੂਰੀ ਬਣਾਈ ਰੱਖਣ, ਸਿਹਤ ਵਿਭਾਗ ਦੀਆਂ ਹਦਾਇਤਾਂ ਦੀ ਪਾਲਣਾ ਕਰਨ ਦੇ ਸਖਤ ਆਦੇਸ਼

ਸਰਕਾਰੀ ਅਤੇ ਨਿਜੀ ਦਫਤਰਾਂ ਵਿਚ 50% ਸਟਾਫ / ਸ਼ਿਫਟਵਾਈਜ ਸਟਾਫ ਨੂੰ ਕੰਮ ਕਰਨ ਦੀ ਆਗਿਆ ਦਿੱਤੀ ਗਈ ਹੈ

ਫਰੀਦਕੋਟ 18 ਮਈ ( ) ਗ੍ਰਹਿ ਮੰਤਰਾਲਾ ਭਾਰਤ ਸਰਕਾਰ ਅਤੇ ਵਧੀਕ ਸਕੱਤਰ ਗ੍ਰਹਿ ਮਾਮਲੇ ਪੰਜਾ ਸਰਕਾਰ ਦੇ ਆਦੇਸ਼ ਜਿਸ ਵਿਚ ਦੇਸ਼/ਸੂਬੇ ਵਿਚ ਤਾਲਾਬੰਦੀ ਨੂੰ 18-05-2020 ਤੱਕ ਵਧਾਇਆ ਗਿਆ ਹੈ ਦੇ ਸਬੰਧ ਵਿਚ ਜ਼ਿਲ੍ਹਾ ਮੈਜਿਸਟਰੇਟ ਫਰੀਦਕੋਟ ਸ੍ਰੀ ਕੁਮਾਰ ਸੌਰਭ ਰਾਜ ਨੇ ਕਰਫਿਊ/ਲਾਕ ਡਾਊਨ ਦੌਰਾਨ ਹੇਠ ਲਿਖੀਆਂ ਸੰਸਥਾਵਾਂ ਨੂੰ ਰੋਜ਼ਾਨਾ ਸਵੇਰੇ 7 ਵਜੇ ਤੋਂ ਸ਼ਾਮ 7 ਵਜੇ ਤੱਕ ਲਾਕ ਡਾਊਨ/ਕਰਫਿਊ ਤੋਂ ਛੋਟ ਦਿੱਤੀ ਗਈ ਹੈ।

**ਸ਼ਾਪਿੰਗ ਮਾਲ ਬੰਦ ਰਹਿਣਗੇ।**

ਸ਼ਹਿਰੀ ਅਤੇ ਦਿਹਾਤੀ ਦੋਵਾਂ ਖੇਤਰਾਂ ਵਿੱਚ ਮੁੱਖ ਬਾਜ਼ਾਰਾਂ ਦੀਆਂ ਦੁਕਾਨਾਂ ਸਮੇਤ ਸਾਰੀਆਂ ਦੁਕਾਨਾਂ ਨੂੰ ਸਵੇਰੇ 7.00 ਵਜੇ ਤੋਂ ਸ਼ਾਮ 6.00 ਵਜੇ ਦੇ ਵਿਚਕਾਰ ਖੋਲ੍ਹਣ ਦੀ ਆਗਿਆ ਹੋਵੇਗੀ।

ਜਦਕਿ ਮੇਨ ਬਜ਼ਾਰਾਂ, ਮਾਰਕੀਟ ਕੰਪਲੈਕਸਾਂ ਅਤੇ ਰੇਹੜੀ ਬਜ਼ਾਰਾਂ ਅਤੇ ਹੋਰ ਭੀੜ ਵਾਲੀਆਂ ਥਾਵਾਂ 'ਤੇ ਸਥਿਤ ਦੁਕਾਨਾਂ ਲਈ ਸਮਾਜਕ ਦੂਰੀ ਬਣਾਈ ਰੱਖਣੀ ਜ਼ਰੂਰੀ ਹੋਵੇਗੀ ਅਤੇ ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਦੁਆਰਾ ਜਾਰੀ ਕੀਤੀ ਗਈ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਕਰਨਗੇ।

ਜ਼ੋਨ ਵਾਈਜ ਦੁਕਾਨਾਂ ਖੋਲਣ ਦਾ ਵੇਰਵਾ (ਇਸ ਦਫਤਰ ਦੇ ਹੁਕਮ ਨੰ:421 ਮਿਤੀ 06-5-2020 ਅਨੁਸਾਰ)

ਰਾਜ ਦੇ ਸਿਹਤ ਵਿਭਾਗ ਦੁਆਰਾ ਜਾਰੀ ਹਦਾਇਤਾਂ ਦੀ ਪਾਲਣਾ ਕਰਨ ਤੇ ਨਾਈ ਦੀਆਂ ਦੁਕਾਨਾਂ, ਸੈਲੂਨ ਅਤੇ ਸਪਾਅ ਦੀਆਂ ਦੁਕਾਨਾ ਖੋਲੀਆਂ ਜਾ ਸਕਣਗੀਆਂ।

ਰਾਜ ਦੇ ਖੇਡ ਵਿਭਾਗ ਦੁਆਰਾ ਜਾਰੀ ਹਦਾਇਤਾਂ ਅਨੁਸਰ ਸਪੋਰਟਸ ਕੰਪਲੈਕਸ ਅਤੇ ਸਟੇਡੀਆ ਬਿਨਾਂ ਦਰਸ਼ਕਾਂ ਦੇ ਖੋਲੇ ਜਾਣ ਦੀ ਆਗਿਆ ਦਿੱਤੀ ਗਈ ਹੈ।

ਉਦਯੋਗਾਂ ਅਤੇ ਉਦਯੋਗਿਕ ਅਦਾਰਿਆਂ: ਉਦਯੋਗਾਂ ਦੀਆਂ ਸਾਰੀਆਂ ਸ਼੍ਰੇਣੀਆਂ ਨੂੰ ਪੇਂਡੂ ਅਤੇ ਸ਼ਹਿਰੀ ਦੋਵਾਂ ਖੇਤਰਾਂ ਵਿੱਚ ਕੰਮ ਕਰਨ ਦੀ ਆਗਿਆ ਹੈ।

ਸ਼ਹਿਰੀ ਅਤੇ ਪੇਂਡੂ ਖੇਤਰਾਂ ਵਿੱਚ ਨਿਰਮਾਣ ਗਤੀਵਿਧੀਆਂ ਨੂੰ ਬਿਨਾਂ ਕਿਸੇ ਪਾਬੰਦੀ ਦੇ ਆਗਿਆ ਹੈ.

ਖੇਤੀਬਾੜੀ, ਬਾਗਬਾਨੀ, ਪਸ਼ੂ ਪਾਲਣ, ਪਸ਼ੂ ਪਾਲਣ ਸੇਵਾਵਾਂ ਬਿਨਾਂ ਕਿਸੇ ਰੋਕ ਦੇ ਚਲਾਉਣ ਦੀ ਆਗਿਆ ਹੈ।

ਈ – ਕਾਮਰਸ: ਸਾਰੀਆਂ ਚੀਜ਼ਾਂ ਦੀ ਆਗਿਆ ਹੈ।

ਸਰਕਾਰੀ ਅਤੇ ਨਿਜੀ ਦਫਤਰਾਂ ਵਿਚ ਭੀੜ ਤੋਂ ਬਚਣ ਲਈ, ਬਿਨਾਂ ਕਿਸੇ ਪਾਬੰਦੀ ਦੇ ਖੋਲ੍ਹਣ ਅਤੇ 50% ਸਟਾਫ / ਸ਼ਿਫਟਵਾਈਜ ਸਟਾਫ ਨੂੰ ਕੰਮ ਕਰਨ ਦੀ ਆਗਿਆ ਦਿੱਤੀ ਗਈ ਹੈ।

**ਰਾਤ 7 ਵਜੇ ਤੋਂ ਸਵੇਰੇ 7 ਵਜੇ ਤੱਕ ਕਰਫਿਊ ਪਹਿਲਾਂ ਵਾਂਗ ਜਾਰੀ ਰਹੇਗਾ।**

ਸਾਰੀਆਂ ਗੈਰ ਜ਼ਰੂਰੀ ਕੰਮਾਂ ਲਈ ਵਿਅਕਤੀਆਂ ਦੀ ਆਵਾਜਾਈ ਸ਼ਾਮ 7.00 ਵਜੇ ਤੋਂ ਸਵੇਰੇ 7.00 ਵਜੇ ਦੇ ਵਿਚਕਾਰ ਬੰਦ ਰਹੇਗੀ।ਜਿਥੋ ਤੱਕ, ਜਿਵੇਂ ਕਿ ਗੈਰ-ਜ਼ਰੂਰੀ ਯਾਤਰਾ ਦਾ ਸੰਬੰਧ ਹੈ, ਜਿੱਥੋਂ ਤੱਕ ਹੋ ਸਕੇ ਇਸ ਤੋਂ ਪਰਹੇਜ਼ ਕੀਤਾ ਜਾਵੇ। 65 ਸਾਲ ਤੋਂ ਵੱਧ ਉਮਰ ਦੇ ਵਿਅਕਤੀ, ਸਹਿ ਬਿਮਾਰੀ ਵਾਲੇ ਵਿਅਕਤੀ, ਗਰਭਵਤੀ ਔਰਤਾਂ ਅਤੇ 10 ਸਾਲ ਤੋਂ ਘੱਟ ਉਮਰ ਦੇ ਬੱਚੇ ਜ਼ਰੂਰੀ ਜ਼ਰੂਰਤਾਂ ਅਤੇ ਸਿਹਤ ਦੇ ਉਦੇਸ਼ਾਂ ਨੂੰ ਛੱਡ ਕੇ ਘਰ ਰਹਿਣਗੇ।

ਸਾਰੀਆਂ ਛੋਟ ਵਾਲੀਆਂ ਸ਼੍ਰੇਣੀਆਂ ਸੰਸਥਾਵਾਂ ਨੂੰ ਸਮਾਜਕ ਦੂਰੀ ਨੂੰ ਯਕੀਨੀ ਬਣਾਉਣਾ ਚਾਹੀਦਾ ਹੈ ਅਤੇ ਸਰਕਾਰ ਵੱਲੋਂ ਦਿੱਤੀਆਂ ਹਦਾਇਤਾਂ ਦੀ ਧਿਆਨ ਨਾਲ ਪਾਲਣਾ ਕਰਨਾ ਚਾਹੀਦੀ ਹੈ ਅਤੇ ਸਾਰੀਆਂ ਗਤੀਵਿਧੀਆਂ ਲਈ ਘੱਟੋ ਘੱਟ 6 ਫੁੱਟ ਦੀ ਦੂਰੀ ਹਮੇਸ਼ਾਂ ਬਣਾਈ ਰੱਖਣੀ ਚਾਹੀਦੀ ਹੈ।

ਇਸ ਦੇ ਅਨੁਸਾਰ, ਜੇ ਕਿਸੇ ਗਤੀਵਿਧੀ ਨਾਲ ਭੀੜ ਹੋ ਜਾਂਦੀ ਹੈ, ਤਾਂ ਸ਼ਿਫਟਵਾਈਜ਼ 50% ਸਟਾਫ ਦੀ ਰਣਨੀਤੀ ਨੂੰ ਅਪਣਾਇਆ ਜਾਣਾ ਚਾਹੀਦਾ ਹੈ। ਦੁਕਾਨਦਾਰ ਸਮਾਜਿਕ ਦੂਰੀ ਬਣਾਈ ਰੱਖਣ ਲਈ ਆਪਣੀਆਂ ਦੁਕਾਨਾਂ ਦੇ ਅੱਗੇ ਚੱਕਰ ਲਗਾਉਣਗੇ। ਦੁਕਾਨਦਾਰ ਅਤੇ ਗਾਹਕ ਕੋਵਿਡ -19 ਦੇ ਸੰਬੰਧ ਵਿਚ ਸੁਰੱਖਿਆ ਉਪਾਅ ਵੀ ਬਣਾਈ ਰੱਖਣਗੇ ਜਿਵੇਂ ਕਿ ਸੈਨੀਟਾਈਜ਼ਰ ਦੀ ਵਰਤੋਂ, ਮਾਸਕ ਪਹਿਨਣ ਜਾਂ ਮੂੰਹ ਨੂੰ ਕੱਪੜੇ ਨਾਲ ਬੰਨ੍ਹਣਾ ਆਦਿ।

**ਤਾਲਾਬੰਦੀ ਹੋਣ ਦੇ ਹੇਠ ਲਿਖੀਆਂ ਗਤੀਵਿਧੀਆਂ 'ਤੇ ਰੋਕ ਲਗਾਈ ਗਈ ਹੈ।**

ਸਕੂਲ, ਕਾਲਜ ਅਤੇ ਹੋਰ ਵਿਦਿਅਕ ਸੰਸਥਾਵਾਂ ਅਤੇ ਕੋਚਿੰਗ ਸੰਸਥਾ ਬੰਦ ਰਹਿਣਗੀਆਂ।

ਹੋਟਲ, ਰੈਸਟੋਰੈਂਟ ਤੇ ਹੋਰ ਹੋਸਪੈਟਿਲਟੀ ਸੇਵਾਵਾਂ ਜੋ ਸਰਕਾਰ ਵੱਲੋਂ ਏਕਾਂਤਵਾਸ ਲਈ ਰਾਖਵੀਆਂ ਹਨ ਤੋਂ ਇਲਾਵਾ ਬੰਦ ਰਹਿਣਗੇ।

ਸਿਨੇਮਾ ਹਾਲ, ਮਾਲ, ਸ਼ਾਪਿੰਗ ਕੰਪਲੈਕਸ, ਜਿਮਨੇਜ਼ੀਅਮ, ਸਵੀਮਿੰਗ ਪੂਲ, ਮਨੋਰੰਜਨ ਪਾਰਕ, ਥੀਏਟਰ, ਬਾਰ, ਆਡੀਟੋਰੀਅਮ, ਅਸੈਂਬਲੀ ਹਾਲ ਅਤੇ ਸਮਾਨ ਜਗ੍ਹਾਵਾਂ ਵੀ ਬੰਦ ਰਹਿਣਗੀਆਂ।

ਸਾਰੇ ਸਮਾਜਿਕ, ਰਾਜਨੀਤਿਕ, ਖੇਡਾਂ, ਮਨੋਰੰਜਨ, ਅਕਾਦਮਿਕ, ਸਭਿਆਚਾਰਕ, ਧਾਰਮਿਕ ਕਾਰਜ ਅਤੇ ਸਾਰੇ ਧਾਰਮਿਕ ਸਥਾਨ ਅਤੇ ਪੂਜਾ ਸਥਾਨ ਜਨਤਾ ਲਈ ਬੰਦ ਰਹਿਣਗੇ। ਧਾਰਮਿਕ ਸਥਾਨ ਤੇ ਇਕੱਠਾਂ ਤੇ ਸਖਤੀ ਨਾਲ ਮਨਾਹੀ ਹੈ।

ਹਾਲਾਂਕਿ ਕੰਟੇਨਮੈਂਟ ਜ਼ੋਨਾਂ ਵਿਚ, ਸਿਰਫ ਜ਼ਰੂਰੀ ਕੰਮਾਂ ਦੀ ਆਗਿਆ ਹੋਵੇਗੀ ਅਤੇ ਸਮਾਜਿਕ ਦੂਰੀ ਯਕੀਨੀ ਬਣਾਈ ਜਾਵੇਗੀ ਅਤੇ ਸਖਤ ਨਿਯਮ ਲਾਗੂ ਰਹਿਣਗੇ। ਫੌਜਦਾਰੀ ਜ਼ਾਬਤਾ ਪ੍ਰਣਾਲੀ, 1973 ਦੀ ਧਾਰਾ 144 ਅਧੀਨ ਕਰਫਿਊ ਸਬੰਧੀ ਸਾਰੇ ਪਹਿਲੇ ਦਿਸ਼ਾ ਨਿਰਦੇਸ਼ ਲਾਗੂ ਰਹਿਣਗੇ। ਇਹ ਹੁਕਮ ਅਗਲੇ ਹੁਕਮਾਂ ਤੱਕ ਲਾਗੂ ਰਹੇਗਾ।

Dispatch No. I/25619/2020

ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ, ਫਰੀਦਕੋਟ

ਕਰੋਨਾ ਰਿਪੋਰਟਾਂ ਨੈਗਟਿਵ ਆਉਣ ਉਪਰੰਤ ਹੁਣ ਤੱਕ 1600 ਤੋਂ ਵੱਧ ਲੋਕਾਂ ਨੂੰ ਇਕਾਂਤਵਾਸ ਕੇਂਦਰਾਂ ਤੋਂ ਘਰ ਭੇਜਿਆ ਗਿਆ-ਕੁਮਾਰ ਸੌਰਭ ਰਾਜ

ਵਧੀਆ ਇਲਾਜ ਕਾਰਨ ਹੁਣ ਤੱਕ ਜਿਲ੍ਹੇ ਦੇ 44 ਕਰੋਨਾ ਮਰੀਜ ਤੰਦਰੁਸਤ ਹੋ ਕੇ ਘਰ ਪਰਤੇ

18 ਐਕਟਿਵ ਮਰੀਜ਼ਾਂ ਦਾ ਚੱਲ ਰਿਹਾ ਹੈ ਇਲਾਜ

ਇਕਾਂਤਵਾਸ ਕੇਂਦਰ ਆਈਲੋਸ਼ੇਨ ਵਾਰਡਾਂ ਤੋਂ ਘਰ ਪਰਤੇ ਲੋਕਾਂ ਨੇ ਜਿਲ੍ਹਾ ਪ੍ਰਸ਼ਾਸਨ ਵੱਲੋਂ ਕੀਤੇ ਵਧੀਆ ਪ੍ਰਬੰਧਾਂ ਤੇ ਧੰਨਵਾਦ ਕੀਤਾ।

ਫਰੀਦਕੋਟ 18 ਮਈ ( ) ਫਰੀਦਕੋਟ ਜਿਲ੍ਹੇ ਵਿੱਚ ਫਰੀਦਕੋਟ, ਕੋਟਕਪੂਰਾ ਅਤੇ ਜੈਤੋ ਸਬ ਡਵੀਜ਼ਨਾਂ ਵਿੱਚ ਕੋਵਿਡ-19 ਦੇ ਫੈਲਾਅ ਨੂੰ ਰੋਕਣ ਅਤੇ ਕੇਂਦਰ ਤੇ ਪੰਜਾਬ ਸਰਕਾਰ ਦੇ ਆਦੇਸ਼ਾਂ ਅਨੁਸਾਰ ਦੂਜੇ ਸੂਬਿਆਂ ਤੋਂ ਵਾਪਸ ਆਉਣ ਵਾਲੇ ਜਿਲ੍ਹੇ ਦੇ ਲੋਕਾਂ ਨੂੰ ਇਕਾਂਤਵਾਸ ਕਰਨ ਲਈ 30 ਤੋਂ ਜ਼ਿਆਦਾ ਇਕਾਂਤਵਾਸ ਕੇਂਦਰ ਬਣਾਏ ਗਏ ਸਨ। ਜਿੱਥੇ ਕਿ ਹਜ਼ੂਰ ਸਾਹਿਬ ਤੋਂ ਪਰਤੇ ਸਰਧਾਲੂਆਂ, ਦੂਜੇ ਰਾਜਾਂ ਤੋਂ ਪਰਤੀ ਲੇਬਰ, ਕੰਬਾਇਨ ਡਰਾਈਵਰ ਆਦਿ 1800 ਤੋਂ ਵੱਧ ਲੋਕਾਂ ਨੂੰ ਰੱਖਿਆ ਗਿਆ ਸੀ। ਇਹ ਜਾਣਕਾਰੀ ਡਿਪਟੀ ਕਮਿਸ਼ਨਰ ਸ੍ਰੀ ਕੁਮਾਰ ਸੌਰਭ ਰਾਜ ਨੇ ਦਿੱਤੀ।

ਡਿਪਟੀ ਕਮਿਸ਼ਨਰ ਨੇ ਦੱਸਿਆ ਪੰਜਾਬ ਸਰਕਾਰ ਦੇ ਆਦੇਸ਼ਾਂ ਅਨੁਸਾਰ ਕਿ ਇਨ੍ਹਾਂ ਲੋਕਾਂ ਨੂੰ ਦੂਜੇ ਰਾਜਾਂ ਤੋਂ ਵਾਪਸ ਬੱਸਾਂ ਤੇ ਹੋਰ ਸਾਧਨਾਂ ਰਾਹੀਂ ਲਿਆਉਣ ਉਪਰੰਤ ਇਕਾਂਤਵਾਸ ਕੀਤਾ ਗਿਆ ਸੀ ਅਤੇ ਇਸ ਉਪਰੰਤ ਉਨ੍ਹਾਂ ਦੀ ਕਰੋਨਾ ਜਾਂਚ ਲਈ ਸਿਹਤ ਵਿਭਾਗ ਦੀਆਂ ਵੱਖ ਵੱਖ ਟੀਮਾਂ ਵੱਲੋਂ ਜੰਗੀ ਪੱਧਰ ਤੇ ਸੈਪਲਿੰਗ ਕੀਤੀ ਗਈ। ਉਨ੍ਹਾਂ ਦੱਸਿਆ ਕਿ ਜਿਵੇਂ ਜਿਵੇਂ ਉਪਰੋਕਤ ਲੋਕਾਂ ਦਾ ਇਕਾਂਤਵਾਸ ਦਾ ਸਮਾਂ 14 ਦਿਨ ਪੂਰੇ ਹੁੰਦਾ ਗਿਆ ਅਤੇ ਇਨ੍ਹਾ ਦੇ ਸੈਪਲਿੰਗ ਰਿਪੋਰਟ ਨੈਗਟਿਵ ਆਉਣ ਉਪਰੰਤ ਸਿਹਤ ਵਿਭਾਗ ਅਤੇ ਪੰਜਾਬ ਸਰਕਾਰ ਦੀਆਂ ਗਾਈਡਲਾਈਨਜ਼ ਅਨੁਸਾਰ ਹੁਣ ਤੱਕ 1600 ਤੋਂ ਵੱਧ ਲੋਕਾਂ ਨੂੰ ਉਨ੍ਹਾਂ ਦੇ ਘਰਾਂ ਲਈ ਭੇਜ ਦਿੱਤਾ ਗਿਆ ਹੈ ਅਤੇ ਇਨ੍ਹਾਂ ਨੂੰ ਹੁਣ 14 ਦਿਨ ਆਪਣੇ ਘਰ ਵਿੱਚ ਹੀ ਰਹਿਣ ਅਤੇ ਸਿਹਤ ਵਿਭਾਗ ਵੱਲੋਂ ਜਾਰੀ ਹਦਾਇਤਾਂ ਦੀ ਪਾਲਣਾ ਕਰਨ ਦੀ ਹਦਾਇਤ ਕੀਤੀ ਗਈ ਹੈ, ਤਾਂ ਜੋ ਕਰੋਨਾ ਵਰਗੀ ਮਹਾਂਮਾਰੀ ਨੂੰ ਅੱਗੇ ਫੈਲਣ ਤੋਂ ਰੋਕਿਆ ਜਾ ਸਕੇ। ਉਨ੍ਹਾਂ ਦੱਸਿਆ ਕਿ ਬਾਕੀ ਦੇ ਰਹਿੰਦੇ 250 ਦੇ ਕਰੀਬ ਲੋਕਾਂ ਨੂੰ ਉਨ੍ਹਾਂ ਦੀ ਨੈਗਟਿਵ ਰਿਪੋਰਟ ਆਉਣ ਉਪਰੰਤ ਘਰ ਭੇਜ ਦਿੱਤਾ ਜਾਵੇਗਾ। ਉਨ੍ਹਾਂ ਇਹ ਵੀ ਦੱਸਿਆ ਕਿ ਇਕਾਂਤਵਾਸ ਕੇਂਦਰਾ ਤੋਂ ਘਰ ਭੇਜੇ ਗਏ ਲੋਕਾਂ ਨੂੰ ਮੋਬਾਇਲ ਤੇ ਕੋਵਾ ਐਪ ਵੀ ਡਾਊਨਲੋਡ ਕਰਵਾਈ ਗਈ ਹੈ ਤਾਂ ਜੋ ਉਨ੍ਹਾਂ ਦੀ ਸਿਹਤ ਸਬੰਧੀ ਸਮੇਂ ਸਮੇਂ ਤੇ ਜਾਣਕਾਰੀ ਪ੍ਰਾਪਤ ਕੀਤੀ ਜਾ ਸਕੇ ਅਤੇ ਉਨ੍ਹਾਂ ਦੀ ਟਰੈਕਿੰਗ ਹੋ ਸਕੇ।

ਡਿਪਟੀ ਕਮਿਸ਼ਨਰ ਸ੍ਰੀ ਕੁਮਾਰ ਸੌਰਭ ਰਾਜ ਨੇ ਅੱਗੇ ਦੱਸਿਆ ਕਿ ਇਕਾਂਤਵਾਸ ਦੌਰਾਨ ਜਿਲ੍ਹਾ ਪ੍ਰਸ਼ਾਸਨ ਵੱਲੋਂ ਇਨ੍ਹਾਂ ਲੋਕਾਂ ਲਈ ਵਧੀਆ ਖਾਣੇ, ਰਿਹਾਇਸ਼ ਅਤੇ ਸਿਹਤ ਸਹੂਲਤਾਂ ਦਾ ਪ੍ਰਬੰਧ ਕੀਤਾ ਗਿਆ ਸੀ ਅਤੇ ਉਨ੍ਹਾਂ ਨੂੰ ਲੋੜੀਂਦਾ ਸਮਾਨ ਵੀ ਦਿੱਤਾ ਗਿਆ ਸੀ। ਉਨ੍ਹਾਂ ਕਿਹਾ ਕਿ ਘਰ ਜਾਣ ਵਾਲੇ ਸ਼ਰਧਾਲੂ , ਮਜ਼ਦੂਰ, ਕੰਬਾਇਨ ਡਰਾਈਵਰ ਪੂਰੀ ਤਰ੍ਹਾਂ ਸਿਹਤਯਾਬ ਸਨ ਅਤੇ ਜਿਲ੍ਹਾ ਪ੍ਰਸ਼ਾਸਨ ਅਤੇ ਪੰਜਾਬ ਸਰਕਾਰ ਵੱਲੋਂ ਇਕਾਂਤਵਾਸ ਕੇਂਦਰਾਂ ਵਿੱਚ ਦਿੱਤੀਆਂ ਗਈਆਂ ਸੁਵਿਧਾਵਾਂ ਤੋਂ ਸੰਤੁਸ਼ਟ ਸਨ। ਉਨ੍ਹਾਂ ਇਹ ਵੀ ਦੱਸਿਆ ਕਿ ਅੱਜ ਤੱਕ ਜਿਲ੍ਹੇ ਵਿੱਚ ਕਰੋਨਾ ਦੇ ਕੁੱਲ 62 ਕੇਸ ਸਾਹਮਣੇ ਆਏ ਹਨ ਜਿੰਨਾ ਵਿਚੋਂ 44 ਲੋਕ ਤੰਦਰੁਸਤ ਹੋ ਕੇ ਘਰ ਜਾ ਚੁੱਕੇ ਹਨ। ਜਦੋਂ ਕਿ 18 ਐਕਟਿਵ ਮਰੀਜਾਂ ਵਿਚੋਂ 17 ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਦੀ ਆਈਸੋਲੇਸ਼ਨ ਵਾਰਡ ਵਿੱਚ ਅਤੇ ਜਿਲ੍ਹੇ ਨਾਲ ਸਬੰਧਤ ਇਕ ਮਰੀਜ਼ ਦਾ ਡੀ.ਐਮ. ਸੀ. ਲੁਧਿਆਣਾ ਵਿਖੇ ਇਲਾਜ ਚੱਲ ਰਿਹਾ ਹੈ ਤੇ ਇਨ੍ਹਾਂ ਦੀ ਹਾਲਤ ਵਿੱਚ ਲਗਾਤਾਰ ਸੁਧਾਰ ਹੋ ਰਿਹਾ ਹੈ।

ਵੱਖ ਵੱਖ ਇਕਾਂਤਵਾਸ ਕੇਂਦਰਾਂ ਵਿਚੋਂ ਇਕਾਂਤਵਾਸ ਪੂਰਾ ਕਰਨ ਅਤੇ ਕਰੋਨਾ ਟੈਸਟ ਨੈਗਟਿਵ ਆਉਣ ਉਪਰੰਤ ਘਰ ਪਰਤ ਰਹੇ ਹਜ਼ੂਰ ਸਾਹਿਬ ਤੋਂ ਪਰਤੇ ਸ਼ਰਧਾਲੂਆਂ, ਰਾਜਸਥਾਨ ਤੇ ਹੋਰ ਸੂਬਿਆਂ ਤੋਂ ਵਾਪਸ ਪਰਤੀ ਲੇਬਰ, ਕੰਬਾਇਨ ਡਰਾਈਵਰਾਂ ਆਦਿ ਨੇ ਜਿਲ੍ਹਾ ਪ੍ਰਸ਼ਾਸਨ ਅਤੇ ਪੰਜਾਬ ਸਕਰਾਰ ਵੱਲੋਂ ਇਕਾਂਤਵਾਸ ਕੇਂਦਰਾਂ ਵਿੱਚ ਕੀਤੀ ਗਈ ਰਿਹਾਇਸ਼, ਖਾਣੇ, ਸਿਹਤ ਤੇ ਹੋਰ ਸਹੂਲਤਾਂ ਦੇ ਵਧੀਆ ਪ੍ਰਬੰਧਾਂ ਲਈ ਧੰਨਵਾਦ ਕਰਦਿਆਂ ਕਿਹਾ ਕਿ ਉਹ ਇਸ ਮਹਾਂਮਾਰੀ ਨੂੰ ਅੱਗੇ ਫੈਲਣ ਤੋਂ ਰੋਕਣ ਲਈ ਸਿਹਤ ਵਿਭਾਗ ਵੱਲੋਂ ਜਾਰੀ ਹਦਾਇਤਾਂ ਦੀ ਪਾਲਣਾ ਕਰਨਗੇ ਤੇ ਦੂਜੇ ਲੋਕਾਂ ਨੂੰ ਵੀ ਇਸ ਸਬੰਧੀ ਜਾਗਰੂਕ ਕਰਨਗੇ।

Dispatch No. I/25625/2020

ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ, ਫਰੀਦਕੋਟ

ਫਰੀਦਕੋਟ ਜ਼ਿਲੇ ਦੇ 2 ਹੋਰ ਕੋਰੋਨਾ ਪਾਜ਼ੇਟਿਵ ਐਕਟਿਵ ਕੇਸ 18

ਘਰ ਭੇਜੇ ਜਾ ਰਹੇ ਵਿਅਅਕਤੀਆਂ ਦੇ ਮੋਬਾਇਲ ਤੇ ਕੋਵਾ ਐਪ ਕਰਵਾਉ ਡਾਊਨਲੋਡ

ਫਰੀਦਕੋਟ 18 ਮਈ ( ) ਸਿਹਤ ਮੰਤਰੀ ਪੰਜਾਬ ਸ.ਬਲਵੀਰ ਸਿੰਘ ਸਿੱਧੂ ਦੇ ਦਿਸ਼ਾ ਨਿਰਦੇਸ਼ਾਂ ਤਹਿਤ ,ਡਿਪਟੀ ਕਮਿਸ਼ਨਰ ਫਰੀਦਕੋਟ ਕੁਮਾਰ ਸੌਰਭ ਰਾਜ ,ਆਈ.ਏ.ਐਸ ਦੀ ਯੋਗ ਅਗਵਾਈ ਹੇਠ ਸਿਵਲ ਸਰਜਨ ਡਾ.ਰਜਿੰਦਰ ਕੁਮਾਰ ਅਤੇ ਵਿਭਾਗ ਦੇ ਮੈਡੀਕਲ,ਪੈਰਾ-ਮੈਡੀਕਲ ਅਤੇ ਰੂਰਲ ਮੈਡੀਕਲ ਅਫਸਰ ਤਨਦੇਹੀ ਨਾਲ ਆਪਣੀਆਂ ਸੇਵਾਵਾਂ ਨਿਵਾ ਰਹੇ ਹਨ।ਡਾ.ਰਜਿੰਦਰ ਨੇ ਦੱਸਿਆ ਕਿ ਕੋਵਿਡ-19 ਦੀਆਂ ਅੱਜ ਤੱਕ 3564 ਸੈਂਪਲ ਲੈਬ ਵਿੱਚ ਭੇਜੇ ਜਾ ਚੁੱਕੇ ਹਨ।ਜਿੰਨਾਂ ਵਿੱਚੋਂ 193 ਸੈਂਪਲਾਂ ਦੇ ਨਤੀਜੇ ਆਉਣੇ ਬਾਕੀ ਹਨ।ਪ੍ਰਾਪਤ ਨਤੀਜਿਆਂ ਵਿੱਚ 3234 ਰਿਪੋਰਟਾਂ ਨੈਗੇਟਿਵ ਆਈਆਂ ਹਨ।ਪਹਿਲਾਂ ਹਜ਼ੂਰ ਸਹਿਬ ਦੇ ਕੋਰੋਨਾ ਪਾਜ਼ੇਟਿਵ ਆਏ ਮਰੀਜ਼ਾਂ ਦੇ ਨਾਲ ਪ੍ਰਸ਼ਾਸਨ ਵੱਲੋਂ ਸਥਾਪਿਤ ਇਕਾਂਤਵਾਸ ਸੈਂਟਰ ਵਿੱਚ ਰਹਿ ਰਹੇ ਦੂਸਰੇ ਸ਼ਰਧਾਲੂਆਂ ਦੇ ਸਿਹਤ ਵਿਭਾਗ ਵੱਲੋਂ ਦੁਬਾਰਾ ਕੁਝ ਸੈਂਪਲ ਇੱਕਤਰ ਕੀਤੇ ਗਏ ਸਨ।ਜਿੰਨਾਂ ਵਿੱਚੋਂ ਪ੍ਰਾਪਤ ਹੋਈਆਂ ਪਾਜ਼ੇਟਿਵ ਰਿਪੋਰਟਾਂ ਵਾਲੇ ਕੇਸਾਂ ਵਿੱਚ 2 ਹਜ਼ੂਰ ਸਾਹਿਬ ਤੋਂ ਆਏ ਸ਼ਰਧਾਲੂ ਹੀ ਹਨ ਜੋ ਪਿੰਡ ਸੰਧਵਾਂ ਤੇ ਸਰਾਵਾਂ ਦੇ ਰਹਿਣ ਵਾਲੇ ਹਨ।ਹੁਣ ਫਰੀਦਕੋਟ ਜ਼ਿਲ੍ਹੇ ਦੇ ਕੋਵਿਡ-19 ਤਹਿਤ 44 ਕੋਰੋਨਾ ਪਾਜ਼ੇਟਿਵ ਮਰੀਜ਼ਾਂ ਨੂੰ ਇਲਾਜ ਤੋਂ ਬਾਅਦ ਹਸਪਤਾਲ ਤੋਂ ਛੁੱਟੀ ਦਿੱਤੀ ਜਾ ਚੁੱਕੀ ਹੈ। ਹੁਣ ਫਰੀਦਕੋਟ ਦੇ 18 ਐਕਟਿਵ ਕੇਸ ਹਨ 17 ਮਰੀਜ਼ ਸਥਾਨਕ ਗੁਰੂ ਗੋਬਿੰਦ ਸਿੰਘ ਮੈਡੀਕਲ ਹਸਪਤਾਲ ਵਿਖੇ ਜੇਰੇ ਇਲਾਜ ਹਨ ਜਦ ਕੇ 1 ਕੇਸ ਲੁਧਿਆਣਾ ਦੇ ਡੀ.ਐਮ.ਸੀ ਹਸਪਤਾਲ ਵਿਖੇ ਦਾਖਲ ਹੈ।ਉਨਾਂ ਕਿਹਾ ਕਿ ਵੱਖ-ਵੱਖ ਵਿਭਾਗਾਂ ਦੇ ਕਰਮਚਾਰੀਆਂ ਅਤੇ ਅਧਿਕਾਰੀਆਂ ਦੀਆਂ ਟੀਮਾਂ ਤਨਦੇਹੀ ਨਾਲ ਆਪਣੀਆਂ ਸ਼ਾਨਦਾਰ ਸੇਵਾਵਾਂ ਨਿਭਾ ਰਹੀਆਂ ਹਨ।ਵਿਭਾਗ ਵੱਲੋਂ ਜ਼ਿਲ੍ਹੇ ਦੀਆਂ ਵੱਖ-ਵੱਖ ਸਿਹਤ ਸੰਸਥਾਵਾ ਵਿਖੇ ਸਤਾਪਿਤ ਫਲੂ ਕਾਰਨਰ ਵਿਖੇ ਸੈਂਪਲ ਇਕੱਤਰ ਕਰ ਲੈਬ ਨੂੰ ਜਾਂਚ ਲਈ ਭੇਜੇ ਜਾ ਰਹੇ ਹਨ।ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਥਾਪਿਤ ਜਿੰਨਾਂ ਇਕਾਂਤਵਾਸ ਸੈਂਟਰਾਂ ਦੇ ਵਿੱਚ ਰਹਿ ਰਹੇ ਵਿਅਕਤੀਆਂ ਦੀ ਟੈਸਟ ਰਿਪੋਰਟ ਆਉਣੀ ਬਾਕੀ ਹੈ ਉਨਾਂ ਨੂੰ ਛੱਡ ਕੇ ਬਾਕੀ ਇਕਾਂਤਵਾਸ ਸੈਂਟਰਾਂ ਦੇ ਵਿਅਕਤੀਆਂ ਨੂੰ ਘਰ ਵਾਪਸ ਇਕਾਂਤਵਾਸ ਭੇਜਿਆ ਜਾ ਰਿਹਾ ਹੈ। ਕੋਵਿਡ-19 ਦੇ ਜ਼ਿਲਾ ਨੋਡਲ ਅਫਸਰ ਡਾ.ਮਨਜੀਤ ਕ੍ਰਿਸ਼ਨ ਭੱਲਾ ਨੇ ਸਿਹਤ ਵਿਭਾਗ ਦੇ ਮਾਸ ਮੀਡੀਆ ਇੰਚਾਰਜ ਡਾ.ਪ੍ਰਭਦੀਪ ਸਿੰਘ ਚਾਵਲਾ ਨੂੰ ਹਦਾਇਤ ਕੀਤੀ ਕਿ ਆਮ ਲੋਕਾਂ ਤੱਕ ਕੋਰੋਨਾ ਮਰੀਜ਼ਾਂ ਸਬੰਧੀ ਅੰਕੜੇ ਆਈ.ਡੀ.ਐਸ.ਪੀ ਸਟਾਫ ਐਪੇਡਿਮੋਜੋਜਿਸਟ ਡਾ.ਵਿਕਰਮਜੀਤ ਸਿੰਘ ਤੇ ਡਾ.ਅਨੀਤਾ ਚੌਹਾਨ ਨਾਲ ਤਾਲਮੇਲ ਕਰਕੇ ਹੀ ਸਾਂਝੇ ਕੀਤੇ ਜਾਣ।ਉਨਾਂ ਕਿਹਾ ਕਿ ਜਿਹੜੇ ਵਿਅਕਤੀ ਇਕਾਂਤਵਾਸ ਸੈਂਟਰਾਂ ਤੋਂ ਘਰ ਭੇਜੇ ਜਾ ਰਹੇ ਹਨ ਉਨ੍ਹਾਂ ਦੇ ਮੋਬਾਇਲ ਤੇ ਕੋਵਾ ਐਪ ਡਾਊਨਲੋਡ ਕਰਵਾਉਣਾ ਯਕੀਨੀ ਬਣਾਇਆ ਜਾਵੇ ਤਾਂ ਜੋ ਘਰ ਇਕਾਂਤਵਾਸ ਦੌਰਰਾਨ ਓਉਹ ਵਿਓਕਤੀ ਆਪਣਾ ਰੋਜਾਨਾਂ ਸਿਹਤ ਸਬੰਧੀ ਹਾਲ-ਚਾਲ ਐਪ ਤੇ ਭੇਜ ਸਕੇ।ਉਨ੍ਹਾਂ ਕੋਰੋਨਾ ਤੋਂ ਬਚਾਅ ਸਬੰਧੀ ਸਰਕਾਰ ਦੁਆਰਾ ਜਾਰੀ ਅਡਵਾਇਜ਼ਰੀਆਂ,ਜਾਗਰੂਕਤਾ ਸਮੱਗਰੀ ਅਤੇ ਸੁਨੇਹਾਂ ਭੇਜਣ ਲਈ ਫੀਲਡ ਸਟਾਫ, ਲੋਕ ਸੰਪਰਕ ਵਿਭਾਗ,ਪੰਚਾਇਤਾਂ ਅਤੇ ਮੀਡੀਆ ਨਾਲ ਤਾਲਮੇਲ ਬਣਾ ਕੇ ਰੱਖਣਾ ਅਤਿ ਜਰੂਰੀ ਹੈ।

ਡਾ.ਰਜਿੰਦਰ ਕੁਮਾਰ,ਸਿਵਲ ਸਰਜਨ ਫਰੀਦਕੋਟ